3-JAN 2022.-Page-FZR.qxd 1/3/2022 10:31 PM Page 4

ਏਕਤਾ ਉੱਪਲ ਨੇ ਭਗਤ ਪੂਰਨ ਸਿੰਘ ਗੂੰਗੇ ਤੇ ਬੋਲੇ ਸਕੂਲ ਦੇ ਬੱਚਿਆਂ ਨਾਲ ਮਨਾਇਆ ਨਵਾਂ ਸਾਲ

ਆਰਿਫ਼ ਕੇ, 3 ਜਨਵਰੀ (ਬਲਬੀਰ ਸਿੰਘ ਜੋਸਨ)-ਇੰਚਾਰਜ ਜ਼ਿਲ੍ਹਾ ਤੇ ਸੈਸ਼ਨਜ਼ ਜੱਜ ਸਹਿਤ ਚੇਅਰਮੈਨ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਿਟੀ ਫ਼ਿਰੋਜ਼ਪੁਰ ਸਚਿਨ ਸ਼ਰਮਾ ਜੀਆਂ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਮਿਸ ਏਕਤਾ ਉੱਪਲ ਚੀਫ਼ ਜੁਡੀਸ਼ੀਅਲ ਮੈਜਿਸਟ੍ਰੇਟ-ਕਮ-ਸਕੱਤਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਿਟੀ ਫ਼ਿਰੋਜ਼ਪੁਰ ਵਲੋਂ ਭਗਤ ਪੂਰਨ ਸਿੰਘ ਡੈਫ ਐਂਡ ਡੰਬ ਸਕੂਲ (ਗੂੰਗੇ ਤੇ ਬੋਲੇ ਬੱਚਿਆਂ ਦਾ ਸਕੂਲ) ਪਿੰਡ ਕਟੋਰਾ ਦਾ ਦੌਰਾ ਕੀਤਾ ਗਿਆ। ਮਿਸ ਏਕਤਾ ਉੱਪਲ ਵਲੋਂ ਨਵੇਂ ਸਾਲ ਦਾ ਪਹਿਲਾ ਕੰਮਕਾਜੀ ਦਿਨ ਇਨ੍ਹਾਂ ਸਪੈਸ਼ਲ ਬੱਚਿਆਂ ਨਾਲ ਮਨਾਇਆ ਗਿਆ। ਇਸ ਮੌਕੇ ਜੱਜ ਸਾਹਿਬ ਨੇ ਸਕੂਲ ਦੇ ਬੱਚਿਆਂ ਨਾਲ ਵਿਸ਼ੇਸ਼ ਪ੍ਰੋਗਰਾਮ ਰੱਖਿਆ, ਜਿਸ ਵਿਚ ਉਨ੍ਹਾਂ ਨੇ ਬੱਚਿਆਂ ਨਾਲ ਉਨ੍ਹਾਂ ਦੇ ਇਸ਼ਾਰਿਆਂ ਦੀ ਭਾਸ਼ਾ ਵਿਚ ਗੱਲਬਾਤ ਕੀਤੀ ਤੇ ਉਨ੍ਹਾਂ ਦਾ ਹਾਲ-ਚਾਲ ਪੁੱਛਿਆ। ਇਸ ਮੌਕੇ ਇਸ ਸਕੂਲ ਦੇ ਹੈੱਡ ਟੀਚਰ ਮਿਸ ਹਰਵਿੰਦਰ ਕੌਰ ਨੇ ਜੱਜ ਸਾਹਿਬ ਨਾਲ ਬੱਚਿਆਂ ਦੀ ਵਾਰਤਾਲਾਪ ਲਈ ਸਹਾਇਤਾ ਕੀਤੀ। ਇਸ ਦੇ ਨਾਲ ਹੀ ਉਨ੍ਹਾਂ ਬੱਚਿਆਂ ਦੀਆਂ ਮੁਸ਼ਕਿਲਾਂ ਸੁਣੀਆਂ ਤੇ ਉਨ੍ਹਾਂ ਨੂੰ ਜਲਦ ਤੋਂ ਜਲਦ ਹੀ ਜ਼ਿਲ੍ਹਾ ਪ੍ਰਸ਼ਾਸਨ ਵਲੋਂ ਇਕ ਸਪੋਰਟਸ ਕਿੱਟ ਦੁਆਉਣ ਦਾ ਵਾਅਦਾ ਵੀ ਕੀਤਾ ਤੇ ਇਸ ਦੇ ਨਾਲ ਜੱਜ ਸਾਹਿਬ ਨੇ ਬੱਚਿਆਂ ਨੂੰ ਫਲ ਅਤੇ ਬਿਸਕੁਟ ਵੀ ਵੰਡੇ ਗਏ।

ਭਗਤ ਪੂਰਨ ਸਿੰਘ ਗੂੰਗੇ ਤੇ ਬੋਲੇ ਬੱਚਿਆਂ ਦੇ ਸਕੂਲ ਦਾ ਦੌਰਾ ਕਰਕੇ ਨਵਾਂ ਸਾਲ ਬੱਚਿਆਂ ਨਾਲ ਮਨਾਉਂਦੇ ਹੋਏ ਮਿਸ ਏਕਤਾ ਉੱਪਲ। ਤਸਵੀਰ : ਜੋਸਨ

ਗੁਰੂਹਰਸਹਾਏ ਸ਼ਹਿਰ ਦੇ ਸਮੂਹ ਦੁਕਾਨਦਾਰਾਂ ਨੂੰ ਭਾਜਪਾ ਵਰਕਰਾਂ ਵਲੋਂ ਰੈਲੀ ਸੰਬੰਧੀ ਸੱਦਾ ਪੱਤਰ

ਗੁਰੂਹਰਸਹਾਏ, 3 ਜਨਵਰੀ (ਕਪਿਲ ਕੰਧਾਰੀ)-2022 ਦੀਆਂ ਵਿਧਾਨ ਸਭਾ ਚੋਣਾਂ ਨੂੰ ਲੈ ਕੇ ਜਿੱਥੇ ਵੱਖ-ਵੱਖ ਪਾਰਟੀਆਂ ਵਲੋਂ ਆਪਣੀਆਂ ਤਿਆਰੀਆਂ ਕੀਤੀਆਂ ਜਾ ਰਹੀਆਂ ਹਨ, ਉਸੇ ਦੇ ਤਹਿਤ ਭਾਰਤੀ ਜਨਤਾ ਪਾਰਟੀ ਵਲੋਂ ਆਪਣੀਆਂ ਸਰਗਰਮੀਆਂ ਨੂੰ ਤੇਜ਼ ਕੀਤਾ ਜਾ ਰਿਹਾ ਹੈ, ਉਸੇ ਦੇ ਚੱਲਦਿਆਂ ਦੇਸ਼ ਦੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ 5 ਜਨਵਰੀ ਨੂੰ ਫ਼ਿਰੋਜ਼ਪੁਰ ਵਿਖੇ ਪਹੁੰਚ ਰਹੇ ਹਨ, ਜਿੱਥੇ ਉਨ੍ਹਾਂ ਦੇ ਪਹੁੰਚਣ 'ਤੇ ਅਤੇ ਉਨ੍ਹਾਂ ਦੇ ਸਵਾਗਤ ਦੇ ਲਈ ਭਾਜਪਾ ਵਰਕਰਾਂ ਵਲੋਂ ਜੰਗੀ ਪੱਧਰ 'ਤੇ ਫ਼ਿਰੋਜ਼ਪੁਰ ਵਿਖੇ ਤਿਆਰੀਆਂ ਕੀਤੀਆਂ ਜਾ ਰਹੀਆਂ ਹਨ। ਉਸੇ ਦੇ ਤਹਿਤ ਗੁਰੂਹਰਸਹਾਏ ਵਿਖੇ ਵੀ ਜ਼ਿਲ੍ਹਾ ਫ਼ਿਰੋਜ਼ਪੁਰ ਦੇ ਬੀ.ਜੇ.ਪੀ. ਦੇ ਜਨਰਲ ਸਕੱਤਰ ਅਮਨਦੀਪ ਗਿਰਧਰ ਦੀ ਅਗਵਾਈ ਹੇਠ ਗੁਰੂਹਰਸਹਾਏ ਦੇ ਸਮੂਹ ਭਾਜਪਾ ਵਰਕਰਾਂ ਵਲੋਂ ਗੁਰੂਹਰਸਹਾਏ ਸ਼ਹਿਰ ਦੀ ਇਕ-ਇਕ ਦੁਕਾਨ 'ਤੇ ਜਾ ਕੇ ਸ੍ਰੀ ਨਰਿੰਦਰ ਮੋਦੀ ਦੀ ਰੈਲੀ ਸੰਬੰਧੀ ਦੁਕਾਨਦਾਰਾਂ ਨੂੰ ਸੱਦਾ ਪੱਤਰ ਦਿੱਤਾ। ਇਸ ਮੌਕੇ ਉਨ੍ਹਾਂ ਦੀ ਗੁਰੂਹਰਸਹਾਏ ਸ਼ਹਿਰ ਦੇ ਲੋਕਾਂ ਨੂੰ ਅਪੀਲ ਕੀਤੀ ਹੈ ਕਿ ਵੱਡੀ ਗਿਣਤੀ ਵਿਚ ਫ਼ਿਰੋਜ਼ਪੁਰ ਵਿਖੇ 5 ਜਨਵਰੀ ਨੂੰ ਪਹੁੰਚ ਕੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਵਿਚਾਰ ਸੁਣਨ ਤੇ ਇਸ ਰੈਲੀ ਨੂੰ ਸਫਲ ਬਣਾਉਣ। ਇਸ ਮੌਕੇ ਅਜੇ ਤਿਵਾੜੀ, ਸੋਨੂੰ ਧਵਨ, ਬਿੱਟੂ ਤੁੱਲੀ, ਤਰਸੇਮ ਬਜਾਜ, ਚੰਦਨ ਸਿਡਾਨਾ, ਅਨਿਲ ਵਰਮਾ, ਕ੍ਰਿਸ਼ ਮੋਗਾ, ਸਾਹਿਲ ਧਵਨ, ਮੁੱਖਾ, ਗੋਲਡੀ ਧਵਨ, ਅਜੇ ਵਲੇਚਾ, ਸੌਰਵ ਮੋਗਾ, ਦਲੀਪ ਕੁਮਾਰ ਤੇ ਸੰਦੀਪ ਨਾਗਰ ਆਦਿ ਹਾਜ਼ਰ ਸਨ।

ਗੁਰੂਹਰਸਹਾਏ ਦੇ ਭਾਜਪਾ ਦੇ ਜ਼ਿਲ੍ਹਾ ਜਨਰਲ ਸਕੱਤਰ ਅਮਨਦੀਪ ਗਿਰਧਰ ਤੇ ਭਾਜਪਾ ਵਰਕਰ ਸ਼ਹਿਰ ਦੀਆਂ ਦੁਕਾਨਾਂ 'ਤੇ ਜਾ ਕੇ ਪ੍ਰਧਾਨ ਮੰਤਰੀ ਦੀ ਰੈਲੀ 'ਚ ਪਹੁੰਚਣ ਲਈ ਸੱਦਾ ਪੱਤਰ ਦੇਣ ਸਮੇਂ। ਤਸਵੀਰ : ਕਪਿਲ ਕੰਧਾਰੀ

ਮਸ਼ਾਲ ਮਾਰਚ ਕੱਢਣ ਸਮੇਂ ਭਾਜਪਾ ਆਗੂ ਅਨੁਮੀਤ ਹੀਰਾ ਸੋਢੀ, ਹਰਿੰਦਰ ਕੁਲ, ਦਵਿੰਦਰ ਬਜਾਜ ਆਦਿ। ਤਸਵੀਰ : ਰਾਕੇਸ਼ ਚਾਵਲਾ

ਭਾਜਪਾ ਯੁਵਾ ਮੋਰਚਾ ਨੇ ਮਸ਼ਾਲ ਰੈਲੀ ਕੱਢੀ

ਫ਼ਿਰੋਜ਼ਪੁਰ, 3 ਜਨਵਰੀ (ਰਾਕੇਸ਼ ਚਾਵਲਾ)-ਪ੍ਰਧਾਨ ਮੰਤਰੀ ਦੀ ਆਮਦ ਨੂੰ ਲੈ ਕੇ ਰੈਲੀ ਨੂੰ ਸਫ਼ਲ ਬਣਾਉਣ ਦੇ ਮੱਦੇਨਜ਼ਰ ਭਾਜਪਾ ਯੁਵਾ ਮੋਰਚਾ ਵੀ ਆਪਣਾ ਪੂਰਾ ਯੋਗਦਾਨ ਪਾ ਰਿਹਾ ਹੈ। ਭਾਜਪਾ ਯੁਵਾ ਮੋਰਚਾ ਦੇ ਆਗੂ ਨੌਜਵਾਨਾਂ ਨੂੰ ਪ੍ਰਧਾਨ ਮੰਤਰੀ ਮੋਦੀ ਦੀਆਂ ਨੀਤੀਆਂ ਤੇ ਭਾਜਪਾ ਵਲੋਂ ਚਲਾਏ ਜਾ ਰਹੇ ਵਿਕਾਸ ਕਾਰਜਾਂ ਬਾਰੇ ਦੱਸ ਕੇ ਰੈਲੀ ਵਿਚ ਸ਼ਾਮਿਲ ਹੋਣ ਲਈ ਪ੍ਰੇਰਿਤ ਕਰ ਰਹੇ ਹਨ। ਭਾਜਪਾ ਯੁਵਾ ਮੋਰਚਾ ਦੇ ਪ੍ਰਧਾਨ ਹਰਿੰਦਰ ਕੁਲ ਤੇ ਭਾਜਪਾ ਨੇਤਾ ਅਨੁਮੀਤ ਹੀਰਾ ਸੋਢੀ ਦੀ ਅਗਵਾਈ ਹੇਠ ਭਾਜਪਾ ਦੇ ਯੁਵਾ ਕਾਰਜਕਰਤਾਵਾਂ ਵਲੋਂ ਨਾਮਦੇਵ ਚੌਂਕ ਤੋਂ ਲੈ ਕੇ ਦਿੱਲੀ ਗੇਟ ਤੱਕ ਇਕ ਮਸ਼ਾਲ ਮਾਰਚ ਕੱਢਿਆ ਗਿਆ, ਜਿਸ ਰਾਹੀਂ ਸ਼ਹਿਰ ਵਾਸੀਆਂ ਨੂੰ ਰੈਲੀ ਵਿਚ ਸ਼ਾਮਲ ਹੋਣ ਲਈ ਜਾਗਰੂਕ ਕੀਤਾ ਗਿਆ। ਇਸ ਮੌਕੇ ਅਨੁਮੀਤ ਹੀਰਾ ਸੋਢੀ, ਹਰਿੰਦਰ, ਭਾਜਪਾ ਆਗੂ ਦਵਿੰਦਰ ਬਜਾਜ ਤੇ ਦਵਿੰਦਰ ਕਪੂਰ ਆਦਿ ਹਾਜ਼ਰ ਸਨ।

ਗੁਰਦੁਆਰਾ ਬਾਬਾ ਜੀਵਨ ਸਿੰਘ ਸ਼ਾਹਵਾਲਾ ਰੋਡ ਜ਼ੀਰਾ ਵਲੋਂ ਸਜਾਏ ਗਏ ਨਗਰ ਕੀਰਤਨ ਦੌਰਾਨ ਪੰਜ ਪਿਆਰਿਆਂ ਤੇ ਪ੍ਰਬੰਧਕਾਂ ਦਾ ਸਵਾਗਤ ਕਰਦੀਆਂ ਸੰਗਤਾਂ। ਤਸਵੀਰ: ਪ੍ਰਤਾਪ ਸਿੰਘ ਹੀਰਾ

ਸ਼ਹੀਦਾਂ ਦੀ ਯਾਦ 'ਚ ਨਗਰ ਕੀਰਤਨ ਸਜਾਇਆ

ਜ਼ੀਰਾ, 3 ਜਨਵਰੀ (ਜੋਗਿੰਦਰ ਸਿੰਘ ਕੰਡਿਆਲ)-ਸ਼੍ਰੋਮਣੀ ਸ਼ਹੀਦ ਬਾਬਾ ਜੀਵਨ ਸਿੰਘ ਜੀ ਤੇ ਸਮੂਹ ਸ਼ਹੀਦਾਂ ਦੀ ਯਾਦ 'ਚ ਗੁਰਦੁਆਰਾ ਸਾਹਿਬ ਬਾਬਾ ਜੀਵਨ ਸਿੰਘ ਸ਼ਾਹ ਵਾਲਾ ਰੋਡ ਜ਼ੀਰਾ ਵਲੋਂ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਵਿਸ਼ਾਲ ਨਗਰ ਕੀਰਤਨ ਸਜਾਇਆ ਗਿਆ। ਇਹ ਨਗਰ ਕੀਰਤਨ ਸਰਬੱਤ ਦੇ ਭਲੇ ਲਈ ਅਰਦਾਸ ਕਰਨ ਉਪਰੰਤ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਤੇ ਪੰਜ ਪਿਆਰਿਆਂ ਦੀ ਅਗਵਾਈ ਹੇਠ ਗੁਰਦੁਆਰਾ ਸਾਹਿਬ ਤੋਂ ਰਵਾਨਾ ਹੋਇਆ, ਜਿਸ ਦਾ ਸ਼ਰਧਾਲੂਆਂ ਵਲੋਂ ਭਰਵਾਂ ਸਵਾਗਤ ਕਰਦਿਆਂ ਜਿੱਥੇ ਸੰਗਤਾਂ ਲਈ ਲੰਗਰ ਲਗਾਏ ਗਏ, ਉੱਥੇ ਸੰਗਤਾਂ ਵਲੋਂ ਪੰਜਾਂ-ਪਿਆਰਿਆਂ ਤੇ ਪ੍ਰਬੰਧਕਾਂ ਦਾ ਸਿਰਪਾਓ ਭੇਟ ਕਰਕੇ ਨਿੱਘਾ ਸਵਾਗਤ ਕੀਤਾ ਗਿਆ। ਇਸ ਮੌਕੇ ਸੰਗਤਾਂ ਦੇ ਭਰਵੇਂ ਇਕੱਠ ਵਿਚ ਬਾਬਾ ਦਲਬੀਰ ਸਿੰਘ, ਕੈਪਟਨ ਸਵਰਨ ਸਿੰਘ, ਬਾਬਾ ਲਵਪ੍ਰੀਤ ਸਿੰਘ, ਜਗਸੀਰ ਸਿੰਘ ਪ੍ਰਧਾਨ, ਮਲਕੀਤ ਸਿੰਘ ਪ੍ਰਧਾਨ, ਪਰਮਜੀਤ ਸਿੰਘ ਪ੍ਰਧਾਨ, ਗੁਰਨਾਮ ਸਿੰਘ ਪ੍ਰਧਾਨ, ਸਲਵਿੰਦਰ ਸਿੰਘ ਪ੍ਰਧਾਨ, ਗੁਰਮੇਲ ਸਿੰਘ, ਅਮਰ ਸਿੰਘ, ਬਲਕਾਰ ਸਿੰਘ ਨੂਰਪੁਰ ਤੇ ਭਗਵਾਨ ਸਿੰਘ ਜ਼ੀਰਾ ਆਦਿ ਹਾਜ਼ਰ ਸਨ।

ਮੰਡੀ ਲਾਧੂਕਾ ਵਿਖੇ ਤੇਜਵੰਤ ਟੀਟਾ ਦੇ ਨਿਵਾਸ ਸਥਾਨ 'ਤੇ ਵਰਕਰਾਂ ਨਾਲ ਮੀਟਿੰਗ ਕਰਦੇ ਹੋਏ ਹੰਸ ਰਾਜ ਜੋਸਨ। ਤਸਵੀਰ-ਮਨਪ੍ਰੀਤ ਸਿੰਘ ਸੈਣੀ

ਮੰਡੀ ਲਾਧੂਕਾ 'ਚ ਹੰਸ ਰਾਜ ਜੋਸਨ ਵਲੋਂ ਵਰਕਰਾਂ ਨਾਲ ਮੀਟਿੰਗ

ਮੰਡੀ ਲਾਧੂਕਾ, 3 ਜਨਵਰੀ (ਮਨਪ੍ਰੀਤ ਸਿੰਘ ਸੈਣੀ)-ਸਾਬਕਾ ਉਪ ਮੁੱਖ ਮੰਤਰੀ ਤੇ ਸ਼੍ਰੋਮਣੀ ਅਕਾਲੀ ਦਲ ਦੇ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਵਲੋਂ 7 ਜਨਵਰੀ ਨੂੰ ਮੰਡੀ ਲਾਧੂਕਾ 'ਚ ਕੀਤੇ ਜਾਣ ਵਾਲੇ ਦੌਰੇ ਦੇ ਸੰਬੰਧ ਵਿਚ ਹਲਕਾ ਫ਼ਾਜ਼ਿਲਕਾ ਤੋਂ ਸ਼੍ਰੋਮਣੀ ਅਕਾਲੀ ਦਲ ਦੇ ਉਮੀਦਵਾਰ ਹੰਸ ਰਾਜ ਜੋਸਨ ਵਲੋਂ ਮੰਡੀ ਲਾਧੂਕਾ ਵਿਖੇ ਸ਼੍ਰੋਮਣੀ ਅਕਾਲੀ ਦਲ ਬਾਦਲ ਦੇ ਸੀਨੀਅਰ ਆਗੂ ਤੇਜਵੰਤ ਸਿੰਘ ਟੀਟਾ ਦੇ ਨਿਵਾਸ ਸਥਾਨ 'ਤੇ ਵੱਖ-ਵੱਖ ਪਿੰਡਾਂ ਦੇ ਵਰਕਰਾਂ ਨਾਲ ਮੀਟਿੰਗ ਕੀਤੀ ਗਈ। ਇਸ ਮੌਕੇ ਹੰਸ ਰਾਜ ਜੋਸਨ ਨੇ ਇਲਾਕੇ ਦੇ ਵਰਕਰਾਂ ਨੂੰ 7 ਜਨਵਰੀ ਨੂੰ ਸ. ਬਾਦਲ ਦੇ ਦੌਰੇ ਦੌਰਾਨ ਵੱਧ ਤੋਂ ਵੱਧ ਲੋਕਾਂ ਨੂੰ ਆਪਣੇ ਨਾਲ ਲੈ ਕੇ ਆਉਣ ਦੀ ਅਪੀਲ ਕੀਤੀ। ਇਸ ਮੌਕੇ ਅਕਾਲੀ ਨੇਤਾ ਸਵੀ ਕਾਠਪਾਲ, ਹਰਦਿਆਲ ਸਿੰਘ ਕਾਠਪਾਲ, ਸੰਪੂਰਨ ਸਿੰਘ ਬਹਿਕ ਖਾਸ, ਅਮੋਲਕ ਸਿੰਘ ਸਾਬਕਾ ਬਲਾਕ ਸੰਮਤੀ ਮੈਂਬਰ, ਜਗਜੀਤ ਸਿੰਘ ਰੋਮੀ ਸਾਬਕਾ ਸਰਪੰਚ, ਬਲਵੰਤ ਸਿੰਘ ਕਾਠਪਾਲ, ਸੁਰਿੰਦਰ ਕੰਬੋਜ ਸਾਬਕਾ ਸਰਪੰਚ, ਹਰਮੰਦਰ ਸਿੰਘ ਸਾਬਕਾ ਸਰਪੰਚ ਕਿੜਿਆਵਾਲੀ, ਗੋਲਡੀ ਕਾਠਪਾਲ ਤੇ ਹੋਰ ਹਾਜ਼ਰ ਸਨ।

ਤਨਖ਼ਾਹਾਂ 'ਚ ਵਾਧੇ ਦੀ ਮੰਗ ਸੰਬੰਧੀ ਹੜਤਾਲ 'ਤੇ ਬੈਠੇ ਆਦਰਸ਼ ਸਕੂਲ ਹਰਦਾਸਾ ਦੇ ਅਧਿਆਪਕ। ਤਸਵੀਰ: ਪ੍ਰਤਾਪ ਸਿੰਘ ਹੀਰਾ

ਆਦਰਸ਼ ਸਕੂਲ ਹਰਦਾਸਾ ਦੇ ਅਧਿਆਪਕਾਂ ਦੀ ਹੜਤਾਲ 33ਵੇਂ ਦਿਨ 'ਚ ਸ਼ਾਮਿਲ

ਜ਼ੀਰਾ, 3 ਜਨਵਰੀ (ਮਨਜੀਤ ਸਿੰਘ ਢਿੱਲੋਂ)-ਪਿਛਲੇ ਲੰਬੇ ਸਮੇਂ ਤੋਂ ਘੱਟ ਤਨਖ਼ਾਹਾਂ 'ਤੇ ਜ਼ੀਰਾ ਨੇੜਲੇ ਪਿੰਡ ਹਰਦਾਸਾ ਦੇ ਆਦਰਸ਼ ਸਕੂਲ ਵਿਖੇ ਬੱਚਿਆਂ ਨੂੰ ਪੜ੍ਹਾ ਰਹੇ ਅਧਿਆਪਕਾਂ ਵਲੋਂ ਤਨਖ਼ਾਹਾਂ ਵਧਾਉਣ ਦੀ ਮੰਗ ਸੰਬੰਧੀ ਕੀਤੀ ਗਈ ਕਲਮ ਛੋੜ ਹੜਤਾਲ ਅੱਜ 33ਵੇਂ ਦਿਨ 'ਚ ਸ਼ਾਮਿਲ ਹੋ ਗਈ ਤੇ ਅਧਿਆਪਕਾਂ ਨੇ ਸੂਬਾ ਸਰਕਾਰ ਅਤੇ ਸਿੱਖਿਆ ਵਿਭਾਗ ਵਿਰੁੱਧ ਰੋਸ ਪ੍ਰਗਟ ਕਰਦਿਆਂ ਨਾਅਰੇਬਾਜ਼ੀ ਕੀਤੀ। ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਅਧਿਆਪਕਾਂ ਨੇ ਕਿਹਾ ਕਿ ਇਕ ਪਾਸੇ ਸਰਕਾਰ ਵਲੋਂ ਹਰ ਵਰਗ ਲਈ ਯੋਜਨਾਵਾਂ ਉਲੀਕਣ ਤੋਂ ਇਲਾਵਾ ਮੁਲਾਜ਼ਮਾਂ ਦੀਆਂ ਮੰਗਾਂ ਮੰਨਣ ਦਾ ਕਿਹਾ ਜਾ ਰਿਹਾ ਹੈ ਪਰ ਉਹ ਪਿਛਲੇ ਇਕ ਮਹੀਨੇ ਤੋਂ ਹੜਤਾਲ 'ਤੇ ਬੈਠੇ ਹਨ, ਪਰ ਕਿਸੇ ਨੇ ਵੀ ਉਨ੍ਹਾਂ ਦੀ ਸਾਰ ਨਹੀਂ ਲਈ। ਇਸ ਮੌਕੇ ਰਵਿੰਦਰ ਸਿੰਘ, ਹਰਸਿਮਰਨ ਸਿੰਘ, ਪਵਨ ਕੁਮਾਰ, ਮਣੀ, ਹਰਪਿੰਦਰ ਕੌਰ, ਰੁਪਿੰਦਰ ਕੌਰ, ਨੀਸ਼ਾ, ਹਰਜੀਤ ਕੌਰ, ਮਨਪ੍ਰੀਤ ਕੌਰ, ਸ਼ਾਲੂ, ਗੁਰਵਿੰਦਰ ਸੈਣੀ, ਸੁਖਵੀਰ ਕੌਰ, ਲਾਲਜੀਤ ਕੌਰ ਆਦਿ ਹਾਜ਼ਰ ਸਨ। ਅੰਤ ਵਿਚ ਅਧਿਆਪਕਾਂ ਨੇ ਕਿਹਾ ਕਿ ਜੇਕਰ ਜਲਦ ਉਨ੍ਹਾਂ ਦੀ ਮੰਗਾਂ ਦਾ ਹੱਲ ਨਾ ਹੋਇਆ ਤਾਂ ਉਹ ਡੀ. ਜੀ. ਐੱਸ. ਈ. ਚੰਡੀਗੜ੍ਹ ਵਿਖੇ ਧਰਨਾ ਦੇਣਗੇ।

ਆਮ ਆਦਮੀ ਪਾਰਟੀ ਦੇ ਉਮੀਦਵਾਰ ਅਮਰਦੀਪ ਸਿੰਘ ਆਸ਼ੂ ਬੰਗੜ ਪਾਰਟੀ 'ਚ ਸ਼ਾਮਿਲ ਹੋਣ ਵਾਲੇ ਵੋਟਰਾਂ ਨਾਲ। ਅਜੀਤ ਤਸਵੀਰ

ਕਾਂਗਰਸ ਛੱਡ ਕੇ ਕਈ ਲੋਕ 'ਆਪ' ਵਿਚ ਸ਼ਾਮਿਲ

ਕੁੱਲਗੜ੍ਹੀ, 3 ਜਨਵਰੀ (ਸੁਖਜਿੰਦਰ ਸਿੰਘ ਸੰਧੂ)-ਹਲਕਾ ਫ਼ਿਰੋਜ਼ਪੁਰ ਦਿਹਾਤੀ ਦੇ ਅਧੀਨ ਪਿੰਡ ਬੱਧਨੀ ਜੈਮਲ ਸਿੰਘ ਵਾਲਾ ਦੀ ਢਾਣੀ ਦੁਆਬੀਆਂ ਤੋਂ ਆਮ ਆਦਮੀ ਪਾਰਟੀ ਦੇ ਆਗੂ ਗੁਰਪ੍ਰੀਤ ਸਿੰਘ ਗੋਰਾ ਤੇ ਰਣਜੀਤ ਸਿੰਘ ਦੀ ਅਗਵਾਈ ਹੇਠ ਕਾਂਗਰਸ ਪਾਰਟੀ ਨਾਲ ਸਬੰਧਿਤ ਕਈ ਪਰਿਵਾਰ ਆਮ ਆਦਮੀ ਪਾਰਟੀ 'ਚ ਸ਼ਾਮਿਲ ਹੋਏ। ਕਾਂਗਰਸੀ ਵਰਕਰ ਸੁਰਜਨ ਸਿੰਘ, ਮੋਹਣ ਸਿੰਘ, ਦਲੀਪ ਸਿੰਘ, ਸੁਖਦੇਵ ਸਿੰਘ, ਦਾਰਾ ਸਿੰਘ, ਨਿਰਮਲ ਸਿੰਘ, ਸ਼ਿੰਦਰ ਸਿੰਘ, ਹਰਬੰਸ ਸਿੰਘ, ਬਲਕਾਰ ਸਿੰਘ, ਸੰਤੋਖ ਸਿੰਘ, ਸੁਰਜੀਤ ਸਿੰਘ, ਅਵਤਾਰ ਸਿੰਘ, ਕੰਵਰਵੀਰ ਸਿੰਘ, ਅਮਰ ਸਿੰਘ, ਸਤਪਾਲ ਸਿੰਘ, ਨਿਰਮਲ ਸਿੰਘ, ਜਸਮੀਤ ਸਿੰਘ, ਸਿਮਰਤਪਾਲ ਸਿੰਘ, ਕਰਨਬੀਰ ਸਿੰਘ, ਅਵਤਾਰ ਸਿੰਘ, ਸਰਵਨ ਸਿੰਘ, ਗੁਰਦੇਵ ਸਿੰਘ ਨੇ ਆਮ ਆਦਮੀ ਪਾਰਟੀ ਵਿਚ ਸ਼ਾਮਿਲ ਹੋਣ ਦਾ ਐਲਾਨ ਕੀਤਾ। ਸ਼ਾਮਲ ਹੋਣ ਵਾਲੇ ਸਮੁੱਚੇ ਲੋਕਾਂ ਦਾ ਸਵਾਗਤ ਕਰਦਿਆਂ ਆਸ਼ੂ ਬੰਗੜ ਨੇ ਵਿਸ਼ਵਾਸ ਦਵਾਇਆ ਕਿ ਉਨ੍ਹਾਂ ਦਾ ਪਾਰਟੀ 'ਚ ਬਣਦਾ ਮਾਨ ਸਨਮਾਨ ਕੀਤਾ ਜਾਵੇਗਾ। ਇਸ ਸਮੇਂ ਬੀਬੀ ਭੁਪਿੰਦਰ ਕੌਰ ਸੰਧੂ, ਗੁਰਭੇਜ ਸਿੰਘ ਕਮੱਗਰ, ਅਮਰਜੀਤ ਸਿੰਘ ਭੰਗਾਲੀ, ਮਨਜਿੰਦਰ ਸਿੰਘ ਮੰਨਾ ਤੇ ਅਮਨਦੀਪ ਸਿੰਘ ਧਾਲੀਵਾਲ ਆਦਿ ਹਾਜ਼ਰ ਸਨ।

ਸਰਕਾਰੀ ਪ੍ਰਾਇਮਰੀ ਸਕੂਲ ਜੰਡਵਾਲਾ ਹਨੂਵੰਤਾ ਵਿਖੇ ਸਕੂਲ ਨੂੰ ਮਿਊਜ਼ਿਕ ਸਿਸਟਮ ਭੇਟ ਕਰਦੇ ਹੋਏ ਪਤਵੰਤੇ। ਤਸਵੀਰ-ਵਿਵੇਕ ਹੂੜੀਆ

ਸਕੂਲ 'ਚ ਮਿਊਜ਼ਿਕ ਸਿਸਟਮ ਕੀਤਾ ਭੇਟ

ਅਬੋਹਰ, 3 ਜਨਵਰੀ (ਵਿਵੇਕ ਹੂੜੀਆ)-ਸਰਕਾਰੀ ਪ੍ਰਾਇਮਰੀ ਸਕੂਲ ਜੰਡਵਾਲਾ ਹਨੂਵੰਤਾ ਵਿਖੇ ਮਿਊਜ਼ਿਕ ਸਿਸਟਮ ਭੇਟ ਕੀਤਾ ਗਿਆ। ਕਮੇਟੀ ਸਕੱਤਰ ਮਾਸਟਰ ਰਾਕੇਸ਼ ਭੋਭਰੀਆ ਨੇ ਦੱਸਿਆ ਕਿ ਡੀ.ਐੱਸ.ਪੀ. ਰਾਹੁਲ ਭਾਰਦਵਾਜ ਨੇ ਆਪਣੇ ਪਿਤਾ ਸਵ. ਮਹਾਵੀਰ ਭਾਰਦਵਾਜ ਦੀ ਯਾਦ 'ਚ ਸਕੂਲ ਨੂੰ ਮਿਊਜ਼ਿਕ ਸਿਸਟਮ ਭੇਟ ਕੀਤਾ। ਇਸ ਕਾਰਜ ਲਈ ਸਕੂਲ ਵਲੋਂ ਸੁਰਿੰਦਰ ਔਲਖ ਨੂੰ ਸਨਮਾਨ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ। ਬਲਾਕ ਪ੍ਰਾਇਮਰੀ ਸਿੱਖਿਆ ਅਫ਼ਸਰ ਸਤੀਸ਼ ਮਿਗਲਾਨੀ ਨੇ ਕਿਹਾ ਕਿ ਇਹ ਮਿਊਜ਼ਿਕ ਸਿਸਟਮ ਬੱਚਿਆ ਲਈ ਬਹੁਤ ਲਾਭਦਾਇਕ ਹੋਵੇਗਾ। ਇਸ ਮੌਕੇ ਸਰਪੰਚ ਚੌਧਰੀ ਗੰਗਾ ਦੇਵ, ਗਜਾਨੰਦ ਮਾਨਧਨੀਆ, ਵਿਜੈ ਔਲਖ, ਕਮੇਟੀ ਚੇਅਰਮੈਨ ਰਾਜਿੰਦਰ ਕੁਮਾਰ, ਬੱਚਿਆਂ ਦੇ ਮਾਪਿਆਂ, ਹੈੱਡ ਟੀਚਰ ਰਕੇਸ਼ ਮਾਹਿਰ ਤੇ ਸ